12page7.qxd 11/11/2026 10:07 PM Page 1

ਸ.ਫ਼ਾ 1 ਦੀਆਂ ਬਾਕੀਆਂ

ਕੁਲਗਾਮ : ਸੀ.ਆਰ.ਪੀ.ਐਫ਼ ਕੈਂਪ 'ਤੇ ਅਤਿਵਾਦੀ ਹਮਲਾ, ਤਿੰਨ ਜਵਾਨ ਜ਼ਖ਼ਮੀ

ਲਗਾਏ ਗਏ। ਐਂਬੂਲੈਂਸ ਸਾਇਰਨ ਵੱਜਣ ਅਤੇ ਲਾਊਡਸਪੀਕਰਾਂ ਦੁਆਰਾ ਸਥਾਨਕ ਲੋਕਾਂ ਨੂੰ ਘਰ ਦੇ ਅੰਦਰ ਰਹਿਣ ਦੀ ਅਪੀਲ ਕੀਤੀ ਗਈ ਅਤੇ ਵਾਧੂ ਸੁਰੱਖਿਆ ਬਲ ਤਾਇਨਾਤ ਕੀਤੇ ਗਏ। ਘਟਨਾ ਸਥਾਨ ਦੇ ਨੇੜੇ ਬਖਤਰਬੰਦ ਵਾਹਨਾਂ ਵਿਚ ਸੁਰੱਖਿਆ ਕਰਮਚਾਰੀ ਵੀ ਦੇਖੇ ਗਏ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਵੀ ਕੁਲਗਾਮ ਵਿਚ ਮੌਜੂਦ ਸਨ, ਪਰ ਉਹ ਹਮਲੇ ਵਾਲੀ ਥਾਂ ਦੇ ਨੇੜੇ ਨਹੀਂ ਸਨ। ਸੂਤਰਾਂ ਮੁਤਾਬਕ ਕਸ਼ਮੀਰ ਘਾਟੀ ਵਿਚ ਸਰਗਰਮ ਅਤਿਵਾਦੀ ਲਤੀਫ਼ ਭੱਟ 'ਤੇ ਕੁਲਗਾਮ ਹਮਲੇ ਵਿਚ ਸ਼ਾਮਲ ਹੋਣ ਦਾ ਸ਼ੱਕ ਹੈ। ਉਹ ਹਮਲੇ ਵਾਲੀ ਥਾਂ ਤੋਂ ਕੁਝ ਕਿਲੋਮੀਟਰ ਦੂਰ ਰਹਿੰਦਾ ਹੈ। ਖ਼ੁਫੀਆ ਸੂਤਰਾਂ ਅਨੁਸਾਰ, ਲਤੀਫ਼ ਭੱਟ ਦੱਖਣੀ ਕਸ਼ਮੀਰ ਵਿਚ ਦੋ ਹਮਲਿਆਂ ਇਕ ਅਨੰਤਨਾਗ ਦੇ ਲਾਲ ਚੌਕ ਖੇਤਰ ਵਿਚ ਅਤੇ ਦੂਜਾ ਕੁਲਗਾਮ ਜ਼ਿਲ੍ਹੇ ਵਿਚ ਵੀ ਸ਼ਾਮਲ ਸੀ । (ਪੀਟੀਆਈ)

ਸ੍ਰੀ ਅਨੰਦਪੁਰ ਸਾਹਿਬ ਨੇ ਸਵੱਛਤਾ ਦੇ ਖੇਤਰ 'ਚ ਗੱਡੇ ਜਿੱਤ ਦੇ ਝੰਡੇ

ਲਈ ਸਮੂਹਕ ਯਤਨਾਂ ਦੀ ਲੋੜ ਹੁੰਦੀ ਹੈ ਅਤੇ ਇਸ ਪ੍ਰਾਪਤੀ ਨੇ ਸਥਾਨਕ ਵਸਨੀਕਾਂ ਵਿਚ ਵੀ ਖ਼ੁਸ਼ੀ ਅਤੇ ਮਾਣ ਦੀ ਭਾਵਨਾ ਪੈਦਾ ਕੀਤੀ ਹੈ। ਇਹ ਐਵਾਰਡ ਸ੍ਰੀ ਅਨੰਦਪੁਰ ਸਾਹਿਬ ਲਈ ਸਿਰਫ਼ ਇਕ ਸਨਮਾਨ ਹੀ ਨਹੀਂ, ਸਗੋਂ ਭਵਿੱਖ ਵਿਚ ਵੀ ਸ਼ਹਿਰ ਦੀ ਸਫ਼ਾਈ, ਸੁੰਦਰਤਾ ਅਤੇ ਵਾਤਾਵਰਣ ਦੀ ਸੰਭਾਲ ਨੂੰ ਬਰਕਰਾਰ ਰੱਖਣ ਲਈ ਇਕ ਵੱਡੀ ਪ੍ਰੇਰਣਾ ਹੈ। ਸ਼ਹਿਰ ਵਾਸੀਆਂ ਨੂੰ ਵੀ ਉਮੀਦ ਹੈ ਕਿ ਇਸ ਪ੍ਰਾਪਤੀ ਤੋਂ ਬਾਅਦ ਸ੍ਰੀ ਅਨੰਦਪੁਰ ਸਾਹਿਬ ਨੂੰ ਹੋਰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ।

ਕੇਂਦਰ ਵਲੋਂ ਖਾਦਾਂ ਲਈ 62,370 ਕਰੋੜ ਦੀ ਸਬਸਿਡੀ ਨੂੰ ਮਨਜ਼ੂਰੀ

ਖਾਦਾਂ 'ਤੇ ਸਬਸਿਡੀਆਂ 2026-27 ਹਾੜੀ ਸੀਜ਼ਨ ਲਈ ਪ੍ਰਵਾਨਿਤ ਦਰਾਂ ਦੇ ਆਧਾਰ 'ਤੇ ਪ੍ਰਦਾਨ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ ਕੈਬਨਿਟ ਨੇ ਨਵੀਂ ਦਿੱਲੀ ਵਿਚ ਉੱਤਰੀ ਅਤੇ ਦੱਖਣੀ ਬਲਾਕ ਕੰਪਲੈਕਸਾਂ ਦੇ ਅੰਦਰ 'ਯੁੱਗ-ਯੁੱਗ-ਭਾਰਤ ਸੰਗ੍ਰਹਾਲਯ' ਦੇ ਵਿਕਾਸ ਨੂੰ ਮਨਜ਼ੂਰੀ ਦੇ ਦਿਤੀ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 3,230 ਕਰੋੜ ਹੋਣ ਦਾ ਅਨੁਮਾਨ ਹੈ।

ਕ੍ਰੈਡਿਟ ਗਰੰਟੀ ਫ਼ੰਡ : ਮੰਤਰੀ ਮੰਡਲ ਨੇ 31 ਮਾਰਚ, 2031 ਤੱਕ ਕ੍ਰੈਡਿਟ ਗਰੰਟੀ ਫ਼ੰਡ ਫਾਰ ਮਾਈਕ੍ਰੋ ਯੂਨਿਟਸ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ ਦੇ ਦਿਤੀ ਹੈ। ਇਸ ਫ਼ੰਡ ਰਾਹੀਂ, ਨੈਸ਼ਨਲ ਕ੍ਰੈਡਿਟ ਗਰੰਟੀ ਟਰੱਸਟੀ ਕੰਪਨੀ ਲਿਮਟਿਡ ਕਰਜ਼ਾ ਦੇਣ ਵਾਲੀਆਂ ਸੰਸਥਾਵਾਂ ਨੂੰ ਕਰਜ਼ਾ ਡਿਫਾਲਟ ਦੇ ਜੋਖਮ ਦੇ ਵਿਰੁਧ ਕ੍ਰੈਡਿਟ ਗਾਰੰਟੀ ਪ੍ਰਦਾਨ ਕਰਦੀ ਹੈ। ਇਸ ਲਈ 5,000 ਕਰੋੜ ਦੇ ਫ਼ੰਡ ਨੂੰ ਮਨਜ਼ੂਰੀ ਦਿਤੀ ਗਈ ਹੈ। ਇਸ ਵਿਵਸਥਾ ਤੋਂ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੇ ਤਹਿਤ 12.6 ਲੱਖ ਕਰੋੜ ਰੁਪਏ ਦੇ ਕਰਜ਼ਿਆਂ ਦੀ ਸਹੂਲਤ ਮਿਲਣ ਦੀ ਉਮੀਦ ਹੈ। ਸਤੰਬਰ 2026 ਤੱਕ, ਉਧਾਰ ਦੇਣ ਵਾਲੀਆਂ ਸੰਸਥਾਵਾਂ ਨੇ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਤਹਿਤ 60.36 ਕਰੋੜ ਤੋਂ ਵੱਧ ਕਰਜ਼ੇ ਮਨਜ਼ੂਰ ਕੀਤੇ ਹਨ, ਜੋ ਕੁੱਲ 43.34 ਲੱਖ ਕਰੋੜ ਤੋਂ ਵੱਧ ਹਨ।

ਨੋਇਡਾ 'ਚ ਮੈਟਰੋ ਰੇਲ ਪ੍ਰਾਜੈਕਟ ਨੂੰ ਮਨਜ਼ੂਰੀ : ਕੇਂਦਰੀ ਕੈਬਨਿਟ ਨੇ ਬੁਧਵਾਰ ਨੂੰ ਨੋਇਡਾ ਮੈਟਰੋ ਰੇਲ ਪਾਜੈਕਟ ਦੇ 'ਐਕੁਆ ਲਾਈਨ' ਕੌਰੀਡੋਰ ਦੇ ਵਿਸਥਾਰ ਨੂੰ ਹਰੀ ਝੰਡੀ ਦੇ ਦਿਤੀ। ਇਹ ਨਵਾਂ ਮੈਟਰੋ ਰੂਟ ਨੋਇਡਾ ਦੇ ਸੈਕਟਰ-51 ਤੋਂ ਗ੍ਰੇਟਰ ਨੋਇਡਾ ਦੇ ਸੈਕਟਰ-4 ਤੱਕ 8.449 ਕਿਲੋਮੀਟਰ ਲੰਬਾ ਹੋਵੇਗਾ। ਇਸ ਪ੍ਰਾਜੈਕਟ ਦੇ ਪੂਰਾ ਹੋਣ ਨਾਲ ਨੋਇਡਾ ਅਤੇ ਗ੍ਰੇਟਰ ਨੋਇਡਾ ਖੇਤਰ 'ਚ ਕੁੱਲ ਐਕਟਿਵ ਮੈਟਰੋ ਨੈੱਟਵਰਕ ਵਧ ਕੇ 71.878 ਕਿਲੋਮੀਟਰ ਹੋ ਜਾਵੇਗਾ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 2,390 ਕਰੋੜ ਰੁਪਏ ਹੋਵੇਗੀ। 8.5 ਕਿਲੋਮੀਟਰ ਲੰਬੇ ਐਲੀਵੇਟਿਡ ਕੌਰੀਡੋਰ 'ਤੇ 5 ਨਵੇਂ ਐਲੀਵੇਟਿਡ ਸਟੇਸ਼ਨ ਬਣਾਏ ਜਾਣਗੇ। ਇਹ ਨਵਾਂ ਵਿਸਥਾਰ ਨੋਇਡਾ ਸੈਕਟਰ-61 ਵਿਖੇ ਦਿੱਲੀ ਮੈਟਰੋ ਦੀ 'ਬਲੂ ਲਾਈਨ' ਨਾਲ ਸਿੱਧਾ ਜੋੜੇਗਾ, ਜਿਸ ਨਾਲ ਯਾਤਰੀਆਂ ਨੂੰ ਦਿੱਲੀ ਦੇ ਏਅਰਪੋਰਟ, ਰੇਲਵੇ ਸਟੇਸ਼ਨਾਂ ਅਤੇ ਬੱਸ ਅੱਡਿਆਂ ਤੱਕ ਪਹੁੰਚਣਾ ਬਹੁਤ ਆਸਾਨ ਹੋ ਜਾਵੇਗਾ। (ਪੀਟੀਆਈ)

ਭਗਵੰਤ ਮਾਨ ਨੇ ਇਕ ਹਜ਼ਾਰ ਹੋਰ 'ਪੇਂਡੂ ਖੇਡ ਮੈਦਾਨਾਂ' ਦਾ ਕੀਤਾ ਉਦਘਾਟਨ

ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਦੇ ਮੌਕੇ ਦੇਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਪਹਿਲ ਦੇ ਰਹੀ ਹੈ। ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦੀ ਊਰਜਾ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਅਤੇ ਉਨ੍ਹਾਂ ਨੂੰ ਉਸਾਰੂ ਦਿਸ਼ਾ ਦੇਣ ਲਈ ਖੇਡਾਂ ਵਲ ਮੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਇਸ ਪ੍ਰੋਗਰਾਮ ਵਿਚ ਸ਼ਾਮਲ ਹੋਣ ਆਏ ਲੋਕਾਂ ਅਤੇ ਸਿਆਸੀ ਆਗੂਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਕ ਸਿਹਤਮੰਦ, ਅਨੁਸ਼ਾਸਤ ਅਤੇ ਤਰੱਕੀ ਪਸੰਦ ਸਮਾਜ ਦੀ ਸਿਰਜਣਾ ਵਿਚ ਖੇਡਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲੀ ਵਾਰ ਪਿੰਡਾਂ ਵਿਚ ਉੱਚ ਪਧਰੀ ਖੇਡ ਬੁਨਿਆਦੀ ਢਾਂਚਾ ਵਿਕਸਤ ਕਰਨ ਲਈ ਅੱਜ ਵੱਡੀ ਪੱਧਰ 'ਤੇ ਪਹਿਲਕਦਮੀ ਕੀਤੀ ਹੈ, ਜਿਸ ਨਾਲ ਪੇਂਡੂ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਆਧੁਨਿਕ ਸਹੂਲਤਾਂ ਮਿਲਣੀਆਂ ਯਕੀਨੀ ਹੋਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਤਹਿਤ ਪੰਜਾਬ ਭਰ ਵਿਚ 3,100 'ਪੇਂਡੂ ਖੇਡ ਮੈਦਾਨ' ਵਿਕਸਤ ਕੀਤੇ ਜਾ ਰਹੇ ਹਨ। ਇਹ ਮੈਦਾਨ ਸਾਡੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦਾ ਮਹੱਤਵਪੂਰਨ ਹਿੱਸਾ ਹਨ। ਸਾਡਾ ਟੀਚਾ ਹਰ ਪਿੰਡ ਵਿਚ ਖੇਡ ਸਭਿਆਚਾਰ ਪੈਦਾ ਕਰਨਾ ਹੈ ਤਾਂ ਜੋ ਨੌਜਵਾਨ ਨਸ਼ਿਆਂ ਦੀ ਬਜਾਏ ਤੰਦਰੁਸਤੀ, ਅਨੁਸ਼ਾਸਨ ਅਤੇ ਸਕਾਰਾਤਮਕ ਗਤੀਵਿਧੀਆਂ ਨੂੰ ਚੁਣਨ। ਮਾਨ ਨੇ ਕਿਹਾ ਕਿ ਪਹਿਲੇ ਪੜਾਅ ਦੌਰਾਨ 4 ਮਈ ਨੂੰ 255 ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕੀਤੇ ਗਏ ਸਨ, ਜਦੋਂ ਕਿ ਦੂਜੇ ਪੜਾਅ ਦੌਰਾਨ 24 ਅਗਸਤ ਨੂੰ 509 ਹੋਰ ਮੈਦਾਨ ਸਮਰਪਿਤ ਕੀਤੇ ਗਏ ਸਨ। ਤੀਜੇ ਪੜਾਅ ਵਿਚ 1,000 ਮੈਦਾਨਾਂ ਦੇ ਸਮਰਪਣ ਨਾਲ ਇਹ ਮੁਹਿੰਮ ਇਕ ਹੋਰ ਮਹੱਤਵਪੂਰਨ ਪੜਾਅ ਵਿਚ ਦਾਖ਼ਲ ਹੋ ਗਈ ਹੈ। ਇਨ੍ਹਾਂ ਵਿਚ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 93 ਖੇਡ ਮੈਦਾਨ ਵੀ ਸ਼ਾਮਲ ਹਨ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਪ੍ਰਧਾਨ ਨਗਰ ਕੌਂਸਲ ਹਰਿਦਰ ਕੌਰ ਚੀਮਾਂ, ਅਮਲੋਹ ਬਲਾਕ ਸੰਮਤੀ ਚੈਅਰਮੈਨ ਰਣਜੀਤ ਸਿੰਘ ਪਨਾਗ, ਸੀਨੀਅਰ ਆਪ ਆਗੂ ਦਰਸ਼ਨ ਸਿੰਘ ਚੀਮਾ, ਚੇਅਰਪਰਸਨ ਸਿਮਰਨਜੀਤ ਕੌਰ ਨੂਰਪੁਰਾ, ਬਲਾਕ ਮੈਂਬਰ ਅਮਨਦੀਪ ਸਿੰਘ ਸ਼ਮਸ਼ਪੁਰ ਆਦਿ ਹਾਜ਼ਰ ਸਨ।

ਮੁੱਖ ਮੰਤਰੀ ਵਲੋਂ ਅਧਿਕਾਰੀਆਂ ਨੂੰ ਛੱਠ ਪੂਜਾ ਦੇ ਸ਼ਰਧਾਲੂਆਂ ਦੀ ਸਹੂਲਤ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਆਦੇਸ਼

ਨਿਰਦੇਸ਼ ਦਿਤੇ ਕਿ ਸ਼ਰਧਾਲੂ ਪੂਰੀ ਧਾਰਮਕ ਸ਼ਰਧਾ, ਉਤਸ਼ਾਹ ਅਤੇ ਅਮਨ-ਸ਼ਾਂਤੀ ਨਾਲ ਤਿਉਹਾਰ ਮਨਾਉਣ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ,"ਛੱਠ ਪੂਜਾ ਅਥਾਹ ਸ਼ਰਧਾ, ਭਗਤੀ ਅਤੇ ਸਭਿਆਚਾਰਕ ਮਹੱਤਤਾ ਦਾ ਅਹਿਮ ਮੌਕਾ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਸ਼ਰਧਾਲੂ ਇਸ ਪਵਿੱਤਰ ਤਿਉਹਾਰ ਨੂੰ ਪੂਰੀ ਧਾਰਮਕ ਸ਼ਰਧਾ, ਉਤਸ਼ਾਹ ਅਤੇ ਸ਼ਾਂਤੀ ਨਾਲ ਮਨਾ ਸਕਣ। ਹਰ ਸਰਧਾਲੂ ਦੀ ਸੁਰੱਖਿਆ ਅਤੇ ਸਹੂਲਤ ਸਾਡੀ ਸੱਭ ਤੋਂ ਪਹਿਲੀ ਪ੍ਰਮੁਖਤਾ ਹੈ ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਕਿਸੇ ਨੂੰ ਵੀ ਕੋਈ ਮੁਸ਼ਕਲ ਨਾ ਹੋਵੇ।" ਮੁੱਖ ਮੰਤਰੀ ਨੇ ਦਸਿਆ,"ਪੰਜਾਬ ਭਰ ਵਿਚ 104 ਸਥਾਨਾਂ ਦੀ ਸ਼ਨਾਖ਼ਤ ਕੀਤੀ ਗਈ ਹੈ ਜਿਥੇ ਛੱਠ ਪੂਜਾ ਮਨਾਈ ਜਾਵੇਗੀ। ਸਾਰੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣੇ ਚਾਹੀਦੇ ਹਨ, ਸ਼ਰਧਾਲੂਆਂ, ਵਿਸ਼ੇਸ਼ ਤੌਰ 'ਤੇ ਔਰਤਾਂ ਅਤੇ ਬਜ਼ੁਰਗਾਂ ਨੂੰ ਸੁਵਿਧਾਜਨਕ ਮਾਹੌਲ ਦੇਣ ਵਿਚ ਕੋਈ ਕਸਰ ਨਹੀਂ ਛੱਡੀ ਜਾਣੀ ਚਾਹੀਦੀ ਜੋ ਅਥਾਹ ਸਰਧਾ ਅਤੇ ਭਗਤੀ ਨਾਲ ਇਹ ਰੀਤੀ-ਰਿਵਾਜ ਨਿਭਾਉਂਦੇ ਹਨ।" ਸੀਨੀਅਰ ਅਧਿਕਾਰੀਆਂ ਨੂੰ ਪ੍ਰਬੰਧਾਂ ਦੀ ਖ਼ੁਦ ਨਿਗਰਾਨੀ ਕਰਨ ਦੇ ਨਿਰਦੇਸ਼ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ,"ਸਾਰੇ ਅਧਿਕਾਰੀ ਚੌਕਸ ਰਹਿਣ ਅਤੇ ਹਰ ਸਬੰਧਤ ਵਿਭਾਗ ਨਾਲ ਨਜ਼ਦੀਕੀ ਤਾਲਮੇਲ ਬਣਾ ਕੇ ਰੱਖਣ। ਹਰ ਭਾਈਚਾਰੇ ਦੀਆਂ ਧਾਰਮਕ ਭਾਵਨਾਵਾਂ ਦਾ ਸਤਿਕਾਰ ਕਰਨਾ ਤੇ ਇਹ ਯਕੀਨੀ ਬਣਾਉਣਾ ਸਾਡਾ ਫਰਜ਼ ਹੈ ਕਿ ਪੰਜਾਬ ਵਿਚ ਹਰ ਤਿਉਹਾਰ ਆਪਸੀ ਸਦਭਾਵਨਾ, ਭਾਈਚਾਰਕ ਸਾਂਝ ਤੇ ਅਪਣੱਤ ਦੇ ਮਾਹੌਲ ਵਿਚ ਪੂਰੇ ਉਤਸ਼ਾਹ, ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾਵੇ।" ਮੀਟਿੰਗ ਵਿਚ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਹਰਦੀਪ ਸਿੰਘ ਮੁੰਡੀਆਂ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁਖ ਸਕੱਤਰ ਡਾ. ਰਵੀ ਭਗਤ, ਵਿਸ਼ੇਸ਼ ਡੀ.ਜੀ.ਪੀ., ਪੀ.ਕੇ. ਸਿਨਹਾ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਛੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਸਣੇ ਪੰਜਾਬ ਦੇ 254 ਅਫ਼ਸਰ ਬਦਲੇ

ਜਿਹੜੇ ਨਵੇਂ ਛੇ ਡਿਪਟੀ ਕਮਿਸ਼ਨਰ ਮਿਲੇ ਹਨ, ਉਨ੍ਹਾਂ ਵਿਚ ਮੋਹਾਲੀ ਜ਼ਿਲ੍ਹੇ ਲਈ ਅਦਿਤਿਆ ਡਾਚਲਵਾਲ, ਰੋਪੜ ਲਈ ਕੋਮਲ ਮਿੱਤਲ, ਲੁਧਿਆਣਾ ਲਈ ਹਿਮਾਂਸ਼ੂ ਅਗਰਵਾਲ,ਪਟਿਆਲਾ ਲਈ ਹਿਮਾਂਸ਼ੂ ਜੈਨ, ਬਰਨਾਲਾ ਲਈ ਅਭਿਜੀਤ ਕਪਲਿਸ਼ ਅਤੇ ਤਰਨਤਾਰਨ ਜ਼ਿਲ੍ਹੇ ਲਈ ਨਿਰਮਲ ਓਸੋਪਚਨ ਦਾ ਨਾਂ ਸ਼ਾਮਲ ਹੈ। ਵਿਭਾਗੀ ਫੇਰਬਦਲ ਤਹਿਤ ਆਈ.ਏ.ਐਸ. ਰਾਹੁਲ ਨੂੰ ਐਮ.ਡੀ. ਮਿਲਕਫੈਡ ਅਤੇ ਸੀ.ਈ.ਓ. ਪੇਡਾ, ਰਾਹੁਲ ਗੁਪਤਾ ਨੂੰ ਵਿਸ਼ੇਸ਼ ਸਕੱਤਰ ਟਾਂਸਪੋਰਟ, ਹਰਪ੍ਰੀਤ ਸਿੰਘ ਨੂੰ ਡਾਇਰੈਕਟਰ ਖੇਡ ਤੇ ਯੁਵਕ ਸੇਵਾਵਾਂ, ਅਨੁਪਮ ਕਲੇਰ ਨੂੰ ਵਿਸ਼ੇਸ਼ ਸਕੱਤਰ ਰਖਿਆ ਸੇਵਾਵਾਂ ਭਲਾਈ, ਮਨੀਸ਼ਾ ਰਾਣਾ ਨੂੰ ਡਾਇਰੈਕਟਰ ਸੂਚਨਾ ਤਕਨੀਕ ਅਤੇ ਉਦਯੋਗਿਕ ਪ੍ਰੋਤਸਾਹਨ ਲਾਇਆ ਗਿਆ ਹੈ। ਨਵ ਨਿਯੁਕਤ 9 ਆਈ.ਏ.ਐਸ. ਅਫ਼ਸਰਾਂ ਵਿਚ ਗੁਰਲੀਨ ਨੂੰ ਭਵਾਨੀਗੜ੍ਹ, ਅਭਿਮੀਨਿਊ ਮਲਿਕ ਨੂੰ ਖਮਾਣੋਂ, ਸਿਵਾਂਚ ਰਾਠੀ ਨੂੰ ਨੰਗਲ, ਹਰਸ਼ਿਤਾ ਸ਼ਰਮਾ ਨੂੰ ਅਹਿਮਦਗੜ੍ਹ, ਸਿਵਾਂਕ ਅਸਥਾਨਾ ਨੂੰ ਮਜੀਠਾ, ਲਿੰਧੀਆ ਐਲਨ ਨੂੰ ਮੋਰਿੰਡਾ, ਪ੍ਰਗਤੀ ਰਾਣੀ ਨੂੰ ਮੂਨਕ, ਓਈਸ਼ੀ ਮੰਡਲ ਨੂੰ ਕਲਾਨੌਰ ਅਤੇ ਮੁਕਲਿਨ ਆਰਨੂੰ ਬਨੂੜ ਸਬ ਡਵੀਜ਼ਨ ਦਾ ਐਸ.ਡੀ.ਐਮ. ਲਾਇਆ ਗਿਆ ਹੈ। ਇਸੇ ਤਰ੍ਹਾਂ ਪੀ.ਸੀ.ਐਸ. ਵਿਚੋਂ ਦਮਨਜੀਤ ਸਿੰਘ ਨੂੰ ਕਮਿਸ਼ਨਰ ਨਗਰ ਨਿਗਮ ਲੁਧਿਆਣਾ, ਦਮਨਦੀਪ ਕੌਰ ਐਸ.ਡੀ.ਐਮ. ਮੋਹਾਲੀ ਤੇ ਕਮਿਸ਼ਨਰ ਨਗਰ ਨਿਗਮ, ਜਸ਼ਨਪ੍ਰੀਤ ਕੌਰ ਗਿੱਲ ਨੂੰ ਐਮ.ਡੀ.ਪੀ.ਆਰ.ਟੀ.ਸੀ. ਅਤੇ ਕੰਵਰਜੀਤ ਸਿੰਘ ਨੂੰ ਕਮਿਸ਼ਨਰ ਨਗਰ ਨਿਗਮ ਕਪੂਰਥਲਾ ਲਾਇਆ ਗਿਆ ਹੈ।

ਸ.ਫ਼ਾ 3 ਦੀਆਂ ਬਾਕੀਆਂ

ਸੋਨੀਆ ਗਾਂਧੀ ਦੀ ਕਿਤਾਬ 'ਚ ਸਿੱਖ ਕਤਲੇਆਮ ਬਾਰੇ ਪੇਸ਼ ਕਹਾਣੀ ਤੱਥਾਂ ਤੋਂ ਉਲਟ : ਫੂਲਕਾ

ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ 1984 ਦਾ ਸਿੱਖ ਕਤਲੇਆਮ ਕਿਸੇ ਹਿੰਦੂ-ਸਿੱਖ ਟਕਰਾਅ ਦਾ ਨਤੀਜਾ ਨਹੀਂ ਸੀ, ਸਗੋਂ ਕਾਂਗਰਸ ਦੇ ਆਗੂਆਂ ਅਤੇ ਕਾਂਗਰਸ ਸਮਰਥਕਾਂ ਨੇ ਬੇਗੁਨਾਹ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਸੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਹਜ਼ਾਰਾਂ ਸਿੱਖਾਂ ਦੇ ਕਤਲਾਂ ਦਾ ਹੀ ਮਾਮਲਾ ਨਹੀਂ ਸੀ, ਬਲਕਿ ਇਨਸਾਫ਼ ਅਤੇ ਸੰਵਿਧਾਨ ਦਾ ਵੀ ਕਤਲ ਸੀ। ਜਾਂਚ ਅਤੇ ਨਿਆਂ ਪ੍ਰਕਿਰਿਆ ਵਿਚ ਰੁਕਾਵਟਾਂ ਪਾਏ ਜਾਣ ਕਾਰਨ ਕਈ ਅਹਿਮ ਫ਼ਾਈਲਾਂ ਅਤੇ ਸਬੂਤ ਲਗਭਗ 18 ਸਾਲ ਬਾਅਦ ਸਾਹਮਣੇ ਆਏ। ਉਨ੍ਹਾਂ ਕਿਹਾ ਕਿ ਹੁਣ ਇਸ ਕਿਤਾਬ ਰਾਹੀਂ ਇਤਿਹਾਸਕ ਤੱਥਾਂ ਨੂੰ ਤੋੜ-ਮਰੋੜ ਕੇ ਕਤਲੇਆਮ ਦੀ ਅਸਲ ਸੱਚਾਈ ਨੂੰ ਝੂਠਲਾਉਣ ਦੀ ਕੋਸ਼ਿਸ਼ ਬੇਹੱਦ ਮੰਦਭਾਗੀ ਹੈ। ਉਨ੍ਹਾਂ ਕਿਹਾ ਕਿ ਸੋਨੀਆ ਗਾਂਧੀ ਨੇ ਅਪਣੀ ਕਿਤਾਬ ਵਿਚ ਲਿਖਿਆ ਹੈ ਕਿ 31 ਅਕਤੂਬਰ 1984 ਨੂੰ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ ਰਾਜੀਵ ਗਾਂਧੀ ਨੇ ਉਸੇ ਰਾਤ ਫ਼ੌਜ ਮੁਖੀ ਜਨਰਲ ਏ.ਐਸ. ਵੈਦਿਆ ਨੂੰ ਫ਼ੌਜ ਬੁਲਾਉਣ ਲਈ ਕਿਹਾ ਸੀ, ਪਰ ਜਨਰਲ ਵੈਦਿਆ ਨੇ ਦਿੱਲੀ ਦੇ ਨੇੜੇ ਤਾਇਨਾਤ ਫ਼ੌਜੀ ਯੂਨਿਟਾਂ ਵਿਚ ਸਿੱਖ ਜਵਾਨ ਹੋਣ ਕਾਰਨ ਉਨ੍ਹਾਂ ਨੂੰ ਤਾਇਨਾਤ ਕਰਨ ਤੋਂ ਗੁਰੇਜ਼ ਕੀਤਾ ਅਤੇ ਦੇਹਰਾਦੂਨ ਵਰਗੀਆਂ ਦੂਰ-ਦੁਰਾਡੇ ਥਾਵਾਂ ਤੋਂ ਫ਼ੌਜ ਬੁਲਾਈ। ਉਨ੍ਹਾਂ ਕਿਹਾ ਕਿ ਮਿਸ਼ਰਾ ਕਮਿਸ਼ਨ ਦੇ ਰਿਕਾਰਡ ਅਤੇ ਫ਼ੌਜੀ ਅਧਿਕਾਰੀਆਂ ਦੀਆਂ ਗਵਾਹੀਆਂ ਦਾ ਹਵਾਲਾ ਦਿੰਦਿਆਂ ਉਹ ਇਹ ਸਵਾਲ ਉਠਾ ਰਹੇ ਹਨ ਕਿ ਜਦੋਂ ਦਿੱਲੀ ਵਿਚ ਫ਼ੌਜੀ ਜਵਾਨ ਉਪਲੱਬਧ ਸਨ ਤਾਂ ਉਨ੍ਹਾਂ ਨੂੰ ਸਮੇਂ ਸਿਰ ਕਿਉਂ ਨਹੀਂ ਤਾਇਨਾਤ ਕੀਤਾ ਗਿਆ ? ਉ